**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 19-11-2024**

- **ਪੰਜਾਬ ਵਿਚ ਚਾਰ ਵਿਧਾਨ ਸਭਾ ਹਲਕਿਆਂ ਵਿਚ ਜਿਮਨੀ ਚੋਣਾਂ ਭਲਕੇ, ਸ਼ਾਮ ਛੇ ਵਜੇ ਤਕ ਪਾਈਆ ਜਾ ਸਕਣਗੀਆਂ ਵੋਟਾਂ।**
- **ਕੇਂਦਰੀ ਜਲ ਸ਼ਕਤੀ ਮੰਤਰਾਲੇ ਨੇ ਅਜ ਵਿਸ਼ਵ ਟਾਇਲਟ ਦਿਵਸ ਮੌਕੇ -ਹਮਾਰਾ ਸ਼ੌਚਾਲਿਆ, ਹਮਾਰਾ ਸਨਮਾਨ- ਨਾਂ ਦੀ ਮੁਹਿੰਮ ਕੀਤੀ ਸ਼ੁਰੂ।**
- **ਕੇਂਦਰੀ ਸਿਹਤ ਮੰਤਰਾਲੇ ਨੇ ਜਲਵਾਯੂ ਤਬਦੀਲੀ ਤੇ ਸਿਹਤ ਸਬੰਧੀ ਕਾਰਜ ਯੋਜਨਾਵਾਂ ਵਿਕਸਤ ਕਰਨ ਲਈ ਕਿਹਾ।**
- **ਪੰਜਾਬ ਵਿਚ ਅਜ ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਈ ਗਈ।**

---

**ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਭਲਕੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ. ਹੁਸ਼ਿਆਰਪੁਰ ਦੇ ਚੱਬੇਵਾਲ, ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ, ਸ੍ਰੀ ਮੁਕਤਸਰ ਸਾਹਿਬ ਦੇ ਗਿੱਦੜਬਾਹਾ ਅਤੇ ਬਰਨਾਲਾ ਸਮੇਤ ਚਾਰ ਹਲਕਿਆਂ ਦੇ ਕਰੀਬ 7 ਲੱਖ ਵੋਟਰ ਆਪਣੀ ਵੋਟ ਪਾਉਣ ਦੇ ਯੋਗ ਨੇ ।**

**ਤਿੰਨ ਪ੍ਰਮੁੱਖ ਸਿਆਸੀ ਪਾਰਟੀਆਂ ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ (ਆਪ) ਚੋਣ ਮੈਦਾਨ ਵਿੱਚ ਨੇ. ਸੂਬੇ ਦੀ ਸਭ ਤੋਂ ਵੱਡੀ ਖੇਤਰੀ ਸਿਆਸੀ ਪਾਰਟੀ, ਸ਼੍ਰੋਮਣੀ ਅਕਾਲੀ ਦਲ (SAD) ਨੇ ਪਹਿਲਾਂ ਹੀ ਜ਼ਿਮਨੀ ਚੋਣਾਂ ਨਾ ਲੜਨ ਦਾ ਐਲਾਨ ਕਰ ਦਿੱਤਾ ਏ।**

**ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਨੇ ਦੱਸਿਆ ਏ ਕਿ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (CAPF) ਦੀਆਂ 17 ਕੰਪਨੀਆਂ ਦੇ ਨਾਲ-ਨਾਲ ਪੰਜਾਬ ਪੁਲਿਸ ਦੇ ਛੇ ਹਜ਼ਾਰ ਤੋਂ ਵੱਧ ਮੁਲਾਜ਼ਮਾਂ ਅਤੇ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਏ । ਇਸ ਤੋਂ ਇਲਾਵਾ**

ਪੋਲਿੰਗ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ 3 ਹਜ਼ਾਰ 800 ਤੋਂ ਵੱਧ ਪੋਲਿੰਗ ਅਮਲੇ ਦੀਆਂ ਡਿਊਟੀਆਂ ਲਗਾਈਆਂ ਗਈਆਂ ਨੇ. ਚਾਰੇ ਹਲਕਿਆਂ ਦੇ ਕੁੱਲ 831 ਵੋਟ ਕੇਂਦਰਾਂ ਵਿੱਚੋਂ 244 ਨਾਜ਼ੁਕ ਸ਼੍ਰੇਣੀ ਵਿੱਚ ਨੇ.

ਰੀਅਲ-ਟਾਈਮ ਨਿਗਰਾਨੀ ਨੂੰ ਯਕੀਨੀ ਬਣਾਉਣ ਲਈ ਸਾਰੇ ਵੋਟ ਕੇਂਦਰਾਂ ਦੀ CCTV ਕੈਮਰਿਆਂ ਰਾਹੀਂ 100 ਫੀਸਦੀ ਲਾਈਵ ਵੈਬਕਾਸਟਿੰਗ ਨਾਲ ਨਿਗਰਾਨੀ ਕੀਤੀ ਜਾਵੇਗੀ। ਵੋਟਾਂ, ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ।

---------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਰਕਾਰ ਉਨ੍ਹਾਂ ਪਹਿਲਕਦਮੀਆਂ ਦੀ ਹਮਾਇਤ ਕਰਨ ਲਈ ਵਚਨਬੱਧ ਏ ਜੋ ਨਿਰੰਤਰ ਰਹਿਣ ਯੋਗ ਅਤੇ ਲਾਭਦਾਇਕ ਖੇਤੀਬਾੜੀ, ਲਚਕਦਾਰ ਚੁਗਿਰਦਾ ਪ੍ਰਣਾਲੀ ਅਤੇ ਸਾਰਿਆਂ ਲਈ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਂਦੀਆਂ ਨੇ. ਅੱਜ ਨਵੀਂ ਦਿੱਲੀ ਵਿੱਚ ਆਲਮੀ ਭੋਂਇ ਕਾਨਫਰੰਸ 2024 ਨੂੰ ਸੰਬੋਧਨ ਕਰਦਿਆਂ ਸ਼੍ਰੀ ਚੌਹਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭੋਂਇ ਦੀ ਸਿਹਤ ਹੁਣ ਇੱਕ ਵਿਸ਼ਵਵਿਆਪੀ ਚਿੰਤਾ ਬਣ ਗਈ ਏ । ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੀ ਲਗਭਗ 30 ਫੀਸਦੀ ਭੋਂਇ ਦੀ ਸਥਿਤੀ ਪਹਿਲਾਂ ਨਾਲੋਂ ਖਰਾਬ ਹੋ ਚੁੱਕੀ ਏ ਅਤੇ ਰਸਾਇਣਕ ਖਾਦਾਂ ਦੀ ਜ਼ਿਆਦਾ ਵਰਤੋਂ ਨੇ ਦੇਸ਼ ਵਿੱਚ ਭੋਂਇ ਨੂੰ ਨੁਕਸਾਨ ਪਹੁੰਚਾਇਆ ਏ ।ਸ੍ਰੀ ਚੌਹਾਨ ਨੇ ਇਹ ਵੀ ਦੱਸਿਆ ਕਿ ਸਰਕਾਰ ਦੇਸ਼ ਵਿੱਚ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਦੀ ਕੋਸ਼ਿਸ਼ ਕਰ ਰਹੀ ਏ । ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਅਤੇ ਖੋਜਕਰਤਾਵਾਂ ਨੂੰ ਭੋਂਇ ਦੀਆਂ ਸਥਾਨਕ ਅਤੇ ਆਲਮੀ ਚੁਣੌਤੀਆਂ ਨਾਲ ਨਜਿੱਠਣ ਵਾਲੀਆਂ ਨਵੀਆਂ ਕਾਢਾਂ ਕਰਨ ਵਿੱਚ ਮੋਹਰੀ ਭੂਮਿਕਾ ਨਿਭਾਉਣੀ ਚਾਹੀਦੀ ਏ । ਓਹਨਾਂ ਨੇ ਕਿਸਾਨਾਂ ਨੂੰ ਸਿੱਖਿਆ, ਉਤਸ਼ਾਹ ਅਤੇ ਆਧੁਨਿਕ ਵਿਗਿਆਨਕ ਜਾਣਕਾਰੀ ਰਾਹੀਂ ਮਜ਼ਬੂਤ ਬਣਾਉਣ ਲਈ ਵੀ ਕਿਹਾ.

---------------------------------------------------------

ਕੇਂਦਰੀ ਜਲ ਸ਼ਕਤੀ ਮੰਤਰਾਲੇ ਨੇ ਅੱਜ ਵਿਸ਼ਵ ਟਾਇਲਟ ਦਿਵਸ ਦੇ ਮੌਕੇ '3 Hamara Shauchalay: Hamara Samman ਹ੍ਹਾਂ ਟੀ ਙਿੰਠ ਹਫ਼ਤਿਆਂ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਏ।

ਇਸ ਮੁਹਿੰਮ ਦਾ ਉਦੇਸ਼ ਸਵੱਛਤਾ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ, ਵਿਹਾਰ ਵਿੱਚ ਤਬਦੀਲੀ ਨੂੰ ਉਤਸ਼ਾਹਿਤ ਕਰਨਾ, ਅਤੇ ਦੇਸ਼ ਭਰ ਵਿੱਚ ਪਖਾਨਿਆਂ ਦੀ ਕਾਰਜਸ਼ੀਲਤਾ ਅਤੇ ਦੇਖਭਾਲ ਨੂੰ ਵਧਾ ਕੇ ਭਾਈਚਾਰਕ ਮਾਣ ਨੂੰ ( 10 ਮਜ਼ਬੂਤ ਕਰਨਾ ਏ । ਮੁਹਿੰਮ ਦੌਰਾਨ ਮੁਕਾਬਲੇ ਕਰਵਾਏ ਜਾਣਗੇ, ਅਤੇ ਨਾਗਰਿਕਾਂ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਆਪਣੀ ਸਵੱਛਤਾ ਸਫਲਤਾ ਦੀਆਂ ਕਹਾਣੀਆਂ ਸਾਂਝੀਆਂ ਕਰਨ ਲਈ ਉਤਸ਼ਾਹਿਤ ਕੀਤਾ ਜਾਵੇਗਾ। ਇਹ ਅਗਲੇ ਮਹੀਨੇ ਦੀ 10 ਤਰੀਕ ਨੂੰ ਰਾਸ਼ਟਰੀ ਮਨੁੱਖੀ ਅਧਿਕਾਰ ਦਿਵਸ 'ਤੇ ਸਮਾਪਤ ਹੋਵੇਗਾ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ, ਸੂਬੇ ਦੀਆਂ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਆਪਣੇ ਪਿੰਡਾਂ ਨੂੰ 'ਆਧੁਨਿਕ ਵਿਕਾਸ ਧੁਰੇ' ਵਿਚ ਤਬਦੀਲ ਕਰਨ ਲਈ ਪ੍ਰੇਰਕ ਵਜੋਂ ਕੰਮ ਕਰਨ ਦਾ ਸੱਦਾ ਦਿੱਤਾ ਏ, ਜਿਸ ਨਾਲ ਸੂਬੇ ਦੇ ਅਰਥਚਾਰੇ ਨੂੰ ਵੱਡਾ ਹੁਲਾਰਾ ਮਿਲੇਗਾ। ਸੰਗਰੂਰ ਜ਼ਿਲ੍ਹੇ ਦੇ ਨਵੇਂ ਚੁਣੇ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਉਣ ਤੋਂ ਪਹਿਲਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਨੂੰ ਆਪਣੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਤਰਜੀਹੀ ਆਧਾਰ

ਉਤੇ ਵੰਡਣਾ ਚਾਹੀਦਾ ਹੈ ਤਾਂ ਜੋ, ਸੂਬਾ ਸਰਕਾਰ ਕੰਮ ਸ਼ੁਰੂ ਕਰਵਾ ਸਕੇ। ਉਨਾਂ ਕਿਹਾ ਕਿ ਪੰਚਾਇਤਾਂ ਪਿੰਡਾਂ ਦੇ ਸਮੁੱਚੇ ਵਿਕਾਸ ਲਈ ਮਤੇ ਜ਼ਰੂਰ ਪਾਸ ਕਰਨ, ਜਿਸ ਲਈ ਸੂਬਾ ਸਰਕਾਰ ਹਰ ਹਰਬਾ ਵਰਤੇਗੀ। ਉਨ੍ਹਾਂ ਨੇ ਨਵੇਂ ਚੁਣੇ ਪੰਚਾਂ ਨੂੰ ਪਿੰਡ ਵਾਸੀਆਂ ਦੀ ਤਰੱਕੀ ਤੇ ਖ਼ੁਸ਼ਹਾਲੀ ਯਕੀਨੀ ਬਣਾਉਣ ਦੇ ਨਾਲ-ਨਾਲ ਆਪਣੇ ਪਿੰਡਾਂ ਨੂੰ 'ਵਿਕਾਸ ਧੁਰੇ' ਵਿਚ ਤਬਦੀਲ ਕਰਨ ਲਈ ਨਵੇਂ ਕਦਮ ਚੁੱਕਣ ਲਈ ਆਖਿਆ ਏ। ਓਧਰ, ਜਲੰਧਰ ਦੇ ਜੰਡਿਆਲਾ ਵਿਚ ਕੈਬਨਿਟ ਮੰਤਰੀ ਮੋਹਿੰਦਰ ਕੁਮਾਰ ਭਗਤ ਨੇ ਜਿਲੇ ਦੇ 5 ਹਜਾਰ 4,43 ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ ਤੇ ਵਿਕਾਸ ਕਾਰਜ ਤੇਜ਼ ਕਰਨ ਲਈ ਪ੍ਰੇਰਿਤ ਕੀਤਾ। ਇਵੇਂ ਹੀ ਫ਼ਰੀਦਕੋਟ ਵਿਚ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਪੰਚਾਂ ਤੇ ਸਹੁੰ ਚੁੱਕ ਦਾ ਜ਼ਿਲ੍ਹਾ ਪੱਧਰੀ ਸਮਾਗਮ ਇਥੋਂ ਦੇ ਨਹਿਰੂ ਸਟੇਡੀਅਮ ਵਿਖੇ ਹੋਇਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਈ। ਇਸੇ ਤਰਾਂ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਮੰਗਲਵਾਰ ਨੂੰ ਪਿੰਡ ਧਨਾਨਸੂ ਦੀ ਹਾਈਟੈਕ ਸਾਈਕਲ ਵੈਲੀ ਵਿਚ 6 ਹਜਾਰ 3,91 ਨਵੇਂ ਚੁਣੇ ਗਏ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ

ਏ । ਕੈਬਨਿਟ ਮੰਤਰੀ ਨੇ ਇਨਾਂ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਹੁਣ ਤੋਂ ਹੀ ਪਿੰਡ ਦੀ ਬਿਹਤਰੀ ਲਈ ਕੰਮ ਸ਼ੁਰੂ ਕਰਨ, ਤੇ ਵਿਕਾਸ ਕਾਰਜਾਂ ਦੀਆਂ ਤਜਵੀਜ਼ਾਂ, ਸਰਕਾਰ ਨੂੰ ਭੇਜਣਾ ਯਕੀਨੀ ਬਣਾਉਣ ।

---------------------------------------------------

ਜ਼ਿਲਾ ਮਾਨਸਾ ਦੇ ਕਸਬੇ ਬਰੇਟਾ ਦੇ ਜਾਖਲ ਰੋਡ 'ਤੇ ਪੁੱਲ ਦੇ ਨਜ਼ਦੀਕ ਕਾਰ ਤੇ ਸਕੂਲ ਵੈਨ ਵਿਚ ਹੋਈ ਟੱਕਰ ਵਿਚ ਲਗਭਗ 1 ਦਰਜਨ ਦੇ ਕਰੀਬ ਬੱਚੇ, ਡਰਾਈਵਰ ਤੇ ਸਕੂਲ ਦੀ ਇਕ ਔਰਤ ਮੁਲਾਜ਼ਮ ਗੰਭੀਰ ਜ਼ਖ਼ਮੀ ਹੋ ਗਏ, ਦੂਸਰੇ ਪਾਸੇ ਬਰੀਜਾ ਕਾਰ ਦਾ ਡਰਾਈਵਰ ਤੇ ਉਸ ਦਾ ਪੁੱਤਰ ਵੀ ਜ਼ਖ਼ਮੀ ਹੋਏ ਨੇ, ਜਿਨਾਂ ਨੂੰ ਸਰਕਾਰੀ ਹਸਪਤਾਲ ਬੁਢਲਾਡਾ ਵਿਚ ਦਾਖਲ ਕਰਵਾਇਆ ਗਿਆ ਏ ।

ਉਧਰ, ਮੰਡੀ ਗੋਬਿੰਦਗੜ੍ਹ ਵਿਖੇ ਨੈਸ਼ਨਲ ਹਾਈਵੇ ’ਤੇ ਅੱਜ ਤੜਕਸਾਰ ਕਾਰ ਤੇ ਲੋਹੇ ਨਾਲਲਦੇਟਰੱਕ ਦੀ ਟੱਕਰ ਦੌਰਾਨ ਕਾਰ ਵਿਚ ਸਵਾਰ 6 ਵਿਅਕਤੀ ਜ਼ਖ਼ਮੀ ਹੋ ਗਏ। ਜਾਣਕਾਰੀਮੁਤਾਬਕ ਦਿੱਲੀ ਤੋਂ ਲੁਧਿਆਣਾ ਵੱਲ ਆਰਹੀ ਕਾਰ ,ਸਰੀਏ ਨਾਲ ਲੱਦੇ ਟਰੱਕ ਨਾਲ ਟਕਰਾ ਗਈਸੀ। ਸਰੀਏ, ਕਾਰ ਨੂੰ ਚੀ ਰਦੇ ਹੋਏ ਸਵਾਰੀਆਂ ਨੂੰ ਗੰਭੀਰ ਜ਼ਖ਼ਮੀ ਕਰ ਗਏ। ਟੱਕਰ ਦੌਰਾਨ ਕਾਰ ਟਰੱਕ ਦੇ ਹੇਠਾਂ ਫਸ ਗਈ ਕਾ ਰ ਵਿੱਚ ਡਰਾਈਵਰ ਸਮੇਤ 8 ਜਣੇ ਸਵਾਰ,ਜਿਨਾਂ ਵਿਚ ਇੱਕ ਬੱਚਾ ਵੀ ਸ਼ਾਮਲ ਸੀ। ਸੜਕ ਸੁਰੱਖਿਆ ਫ਼ੋਰਸ ਨੇ ਜ਼ਖਮੀਆਂ ਨੂੰ ਮੰਡੀ ਗੋਬਿੰਦਗੜ੍ਹ ਦੇ ਸਬ ਡਵੀਜ਼ਨਲ ਸਿਵਲ ਹਸਪਤਾਲ ਪਹੁੰਚਾ ਦਿਤਾ ਏ।

---------------------------------------------------

ਪਿਛਲੇ ਦਿਨਾਂ ਵਿੱਚ ਔਰਤਾਂ ਲਈ ਵਰਤੇ ਕਥਿਤ ਅਪਮਾਨਜਨਕ ਸ਼ਬਦਾਂ ਲਈ ਮਹਿਲਾ ਕਮਿਸ਼ਨ ਕੋਲ ਪਹੁੰਚਣ ਤੋਂ ਪਹਿਲਾਂ ਹੀ ਸਾਬਕਾ ਮੁਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਮੁਆਫੀ ਮੰਗ ਲਈ ਏ। ਆਪਣੇ ਮੁਆਫੀਨਾਮੇ ਵਿਚ ਸੰਸਦ ਮੈਂਬਰ ਚੰਨੀ ਨੇ ਕਿਹਾ ਕਿ ਮੇਰੇ ਸ਼ਬਦਾਂ ਨਾਲ ਜੇ ਕਿਸੇ ਦੀ ਭਾਵਨਾ ਨੂੰ ਠੇਸ ਪੁਜੀ ਏ, ਤਾਂ ਮੈਂ ਮੁਆਫੀ ਮੰਗਦਾ ਹਾਂ।

-----------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜਲਵਾਯੂ ਤਬਦੀਲੀ ਅਤੇ ਮਨੁੱਖੀ ਸਿਹਤ 'ਤੇ ਰਾਸ਼ਟਰੀ ਪ੍ਰੋਗਰਾਮ (NP-CC-HH) ਤਹਿਤ ਜਲਵਾਯੂ ਤਬਦੀਲੀ ਅਤੇ ਸਿਹਤ ਲਈ ਜ਼ਿਲ੍ਹਾ ਅਤੇ ਸ਼ਹਿਰ-ਪੱਧਰੀ ਕਾਰਜ ਯੋਜਨਾਵਾਂ ਵਿਕਸਤ ਕਰਨ ਲਈ ਕਿਹਾ ਏ । ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਅਤੇ ਸਲਾਹਕਾਰਾਂ ਨੂੰ ਲਿਖੇ ਇੱਕ ਪੱਤਰ ਵਿੱਚ, ਕੇਂਦਰੀ ਸਿਹਤ ਸਕੱਤਰ Punya Salila Srivastava ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਆਪਣੀਆਂ ਕਾਰਜ ਯੋਜਨਾਵਾਂ ਵਿੱਚ ਹਵਾ ਪ੍ਰਦੂਸ਼ਣ ਨਾਲ ਲੜਨ ਲਈ ਰਣਨੀਤੀਆਂ ਨੂੰ ਸ਼ਾਮਲ ਕਰਨ ਲਈ ਕਿਹਾ ਏ । ਸਿਹਤ ਸਕੱਤਰ ਨੇ ਉਨ੍ਹਾਂ ਨੂੰ ਹਵਾ ਪ੍ਰਦੂਸ਼ਣ ਨਾਲ ਸਬੰਧਤ ਬਿਮਾਰੀਆਂ ਦੀ ਨਿਗਰਾਨੀ ਲਈ ਸੈਨਟੀਨਲ ਹਸਪਤਾਲਾਂ ਦੇ ਨੈਟਵਰਕ ਦਾ ਪਸਾਰ ਕਰਨ ਲਈ ਵੀ ਕਿਹਾ ਏ । ਸਕੱਤਰ ਨੇ ਅੱਗੇ ਉਹਨਾਂ ਨੂੰ ਤਾਜ਼ਾ ਸਿਹਤ ਸਲਾਹਾਂ ਦੀ ਪਾਲਣਾ ਕਰਨ ਦੀ ਤਾਕੀਦ ਕੀਤੀ।

-----------------------------------------------------

ਸਰਹਦੀ ਸੁਰੱਖਿਆ ਬਲ ਨੇ ਪਾਕਿਸਤਾਨ ਨਾਲ ਲੱਗਦੀ ਪੰਜਾਬ ਦੀ ਸਰਹੱਦ 'ਤੇ ਧੁੰਦ ਤੇ ਖਰਾਬ ਮੌਸਮ ਦੇ ਬਾਵਜੂਦ ਮੁਸਤੈਦੀ ਨਾਲ ਚੌਕਸੀ ਰੱਖੀ ਹੋਈ ਹੈ ਤਾਂ ਦੇਸ਼ ਖਿਲਾਫ਼ ਹਰ ਨਾਪਾਕ ਇਰਾਦੇ ਨੂੰ ਨਾਕਾਮ ਕੀਤਾ ਜਾ ਸਕੇ। ਬੀ ਐਸ ਐਫ ਵਲੋਂ ਬੀਤੇ 10 ਦਿਨਾਂ ਵਿਚ ਸਰਹਦ ਪਾਰੋਂ ਨਸ਼ਿਆਂ ਤੇ ਹਥਿਆਰਾਂ ਦੀ ਖੇਪ ਲੈਕੇ ਆਓਂਦੇ 25 ਡ੍ਰੋਨ ਡੇਗੇ ਗਏ ਨੇ। ਇਹਨਾਂ ਵਿਚੋਂ 12 ਡ੍ਰੋਨਾਂ ਨੂੰ ਪਿਛਲੇ ਤਿੰਨ ਦਿਨਾਂ ਵਿਚ ਹੀ ਡੇਗਿਆ ਗਿਆ ਏ। ਬੀ ਐਸ ਐਫ ਹਲਕਿਆਂ ਦੇ ਹਵਾਲੇ ਨਾਲ ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਬੀਐਸਐਫ ਵਲੋਂ ਇਸ ਸਾਲ ਹੁਣ ਤਕ ਕੁਲ 225 ਡ੍ਰੋਨ ਡੇਗੇ ਜਾਂ ਜ਼ਬਤ ਕੀਤੇ ਗਏ ਨੇ। ਦਸਿਆ ਗਿਆ ਏ ਕਿ ਨਵੀਂਆਂ ਸੰਚਾਲਨ ਰਣਨੀਤੀਆਂ ਮੁਤਾਬਕ ਸੁਰੱਖਿਆ ਉਪਾਅ ਲਾਗੂ ਕੀਤੇ ਜਾਣ ਸਦਕਾ ਇਹ ਕਾਰਵਾਈ ਅਮਲ ਵਿਚ ਲਿਆਂਦੀ ਜਾ ਸਕੀ ਏ।

-----------------------------------------------------------------

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦੱਸਿਆ ਏ ਕਿ ਪੰਜਾਬ ਦੀਆਂ ਸਮੂਹ ਮੰਡੀਆਂ ਵਿਚ ਹੁਣ ਤੱਕ 162 ਅਸ਼ਾਰੀਆ 99 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ, ਜਿਸ ਵਿੱਚੋਂ ਲੱਗਭੱਗ 98 ਫੀਸਦੀ ਦੀ ਖਰੀਦ ਹੋ ਚੁੱਕੀ ਏ ਅਤੇ ਮੰਡੀਆਂ ਵਿੱਚੋਂ ਲੱਗਭੱਗ 83 ਫੀਸਦੀ ਝੋਨੇ ਦੀ ਚੁਕਾਈ ਹੋ ਚੁੱਕੀ ਏ। ਉਨ੍ਹਾਂ ਨੇ ਮੰਡੀਆਂ ਵਿੱਚ ਝੋਨੇ ਦੀ ਫਸਲ ਦੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜਾ ਲੈਣ ਮਗਰੋਂ ਦੱਸਿਆ ਕਿ ਸੂਬੇ ਦੀਆਂ ਸਮੂੰਹ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਆਮਦ, ਖਰੀਦ ਅਤੇ ਲਿਫਟਿੰਗ ਦਾ ਕਾਰਜ ਤੇਜੀ ਨਾਲ ਚੱਲ ਰਿਹਾ ਏ। ਉਨਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਦੀ ਅਦਾਇਗੀ, ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਰਹੀ ਏ। ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 162 ਅਸ਼ਾਰੀਆ 99 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਏ ਅਤੇ 159 ਲੱਖ ਮੀਟ੍ਰਿਕ ਟਨ ਤੋਂ ਵਧ ਝੋਨੇ ਦੀ ਖਰੀਦ ਵੀ ਕੀਤੀ ਜਾ ਚੁੱਕੀ ਹੈ। ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 159 ਲੱਖ ਮੀਟ੍ਰਿਕ ਟਨ ਤੋਂ ਵਧ ਝੋਨੇ ਦੀ ਖਰੀਦ ਕੀਤੀ ਗਈ ਏ।

---------------------------------------------------

- ਪੰਜਾਬ ਵਿਚ ਚਾਰ ਵਿਧਾਨ ਸਭਾ ਹਲਕਿਆਂ ਵਿਚ ਜਿਮਨੀ ਚੋਣਾਂ ਭਲਕੇ, ਸ਼ਾਮ ਛੇ ਵਜੇ ਤਕ ਪਾਈਆ ਜਾ ਸਕਣਗੀਆਂ ਵੋਟਾਂ।
- ਕੇਂਦਰੀ ਜਲ ਸ਼ਕਤੀ ਮੰਤਰਾਲੇ ਨੇ ਅਜ ਵਿਸ਼ਵ ਟਾਇਲਟ ਦਿਵਸ ਮੌਕੇ -ਹਮਾਰਾ ਸ਼ੌਚਾਲਿਆ, ਹਮਾਰਾ ਸਨਮਾਨ- ਨਾਂ ਦੀ ਮੁਹਿੰਮ ਕੀਤੀ ਸ਼ੁਰੂ।
- ਕੇਂਦਰੀ ਸਿਹਤ ਮੰਤਰਾਲੇ ਨੇ ਜਲਵਾਯੂ ਤਬਦੀਲੀ ਤੇ ਸਿਹਤ ਸਬੰਧੀ ਕਾਰਜ ਯੋਜਨਾਵਾਂ ਵਿਕਸਤ ਕਰਨ ਲਈ ਕਿਹਾ।
- ਪੰਜਾਬ ਵਿਚ ਅਜ ਨਵੇਂ ਚੁਣੇ ਪੰਚਾਂ ਨੂੰ ਸਹੁੰ ਚੁਕਾਈ ਗਈ।